## ਪੰਜਾਬ ਸਰਕਾਰ
## ਸਿੱਖਿਆ ਵਿਭਾਗ

(ਵੈਬਸਾਈਟ ਰਾਹੀਂ)

ਵੱਲ:

1. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿੱ./ਐ.ਸਿੱ.),ਪੰਜਾਬ।
2. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।
3. ਸਮੂਹ ਡੀ.ਡੀ.ਓਜ, ਮੁੱਖ ਦਫ਼ਤਰ, ਸਿੱਖਿਆ ਵਿਭਾਗ, ਪੰਜਾਬ।
4. ਰਾਜ ਦੇ ਸਮੂਹ ਸਕੂਲ ਮੁਖੀ।

ਮੀਮੋ ਨੰ: AD(CO)/SSE/2018/401111
ਮਿਤੀ: 03.07.18

ਵਿਸ਼ਾ:- ਕਰਮਚਾਰੀਆਂ ਦਾ ਇਨਕਮ ਟੈਕਸ ਫਾਰਮ ਜਾਰੀ ਕਰਨ ਹਿੱਤ ਮੁਲਾਜ਼ਮਾਂ ਤੋਂ ਪੈਸੇ ਉਗਰਾਹੁਣ ਅਤੇ ਵਸੂਲੇ ਹੋਏ ਟੈਕਸ ਨੂੰ ਸਮੇਂ ਸਿਰ ਇਨਕਮ ਟੈਕਸ ਵਿਭਾਗ ਵਿੱਚ ਜਮ੍ਹਾਂ ਨਾ ਕਰਨ ਸਬੰਧੀ।

ਹਵਾਲਾ:- ਦਫਤਰ ਡੀ.ਪੀ.ਆਈ. (ਐ.ਸਿੱ.) ਪੰਜਾਬ ਦੇ ਪੱਤਰ ਨੰ: 10/76-18ਸੇਪ੍ਰ(4)/318, ਮਿਤੀ: ਐਸ.ਏ.ਐਸ.ਨਗਰ: 15-03-2018 ਦੀ ਲਗਾਤਾਰਤਾ ਵਿੱਚ।

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕਰਨੀ ਜੀ।

2.0 ਉਕਤ ਵਿਸ਼ੇ ਸੰਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਕੂਲਾਂ ਵਿੱਚ ਡੀ.ਡੀ.ਓਜ਼ ਆਪਣੇ ਅਧੀਨ ਕੰਮ ਕਰਦੇ ਸਟਾਫ ਦਾ ਇਨਕਮ ਟੈਕਸ ਫਾਰਮ-16 ਸਮੇਂ ਸਿਰ ਜਾਰੀ ਨਹੀਂ ਕਰਦੇ ਅਤੇ ਇਹ ਵੀ ਧਿਆਨ ਵਿੱਚ ਆਇਆ ਹੈ ਕਿ ਫਾਰਮ-16 ਜਾਰੀ ਕਰਨ ਸਮੇਂ ਮੁਲਾਜ਼ਮਾਂ ਕੋਲੋਂ ਪੈਸੇ ਲੈਂਦੇ ਹਨ ਜੋ ਕਿ ਇੱਕ ਨਿੰਦਣਯੋਗ ਪ੍ਰਥਾ ਹੈ।

3.0 ਇਹ ਵੀ ਵੇਖਣ ਵਿੱਚ ਆਇਆ ਹੈ ਕਿ ਕਈ ਡੀ.ਡੀ.ਓਜ਼ ਆਪਣੇ ਅਧੀਨ ਕੰਮ ਕਰਦੇ ਮੁਲਾਜ਼ਮਾਂ ਦਾ TDS ਨਿਯਮਾਂ ਅਨੁਸਾਰ ਨਹੀਂ ਕੱਟਦੇ ਅਤੇ ਉਨ੍ਹਾਂ ਵੱਲੋਂ ਜਿਹੜੇ ਮੁਲਾਜ਼ਮਾਂ ਦੇ ਇਨਕਮ ਟੈਕਸ ਦੀ ਕਟੌਤੀ ਕੀਤੀ ਜਾਂਦੀ ਹੈ, ਉਹ ਇਨਕਮ ਟੈਕਸ ਵਿਭਾਗ ਨੂੰ ਸਮੇਂ ਸਿਰ ਜਮ੍ਹਾਂ ਨਹੀਂ ਕਰਵਾਇਆ ਜਾਂਦਾ, ਜਿਸ ਕਾਰਨ ਇਨਕਮ ਟੈਕਸ ਵਿਭਾਗ ਵੱਲੋਂ ਕਰਮਚਾਰੀਆਂ ਨੂੰ ਨੋਟਿਸ ਭੇਜ ਦਿੱਤਾ ਜਾਂਦਾ ਹੈ, ਜਿਸ ਨਾਲ ਉਨ੍ਹਾਂ ਨੂੰ ਬਿਨ੍ਹਾਂ ਵਜ੍ਹਾ ਪਰੇਸ਼ਾਨੀ ਝੱਲਣੀ ਪੈਂਦੀ ਹੈ।

4.0 ਉਕਤ ਦੇ ਸਨਮੁੱਖ ਸਮੂਹ ਡੀ.ਡੀ.ਓਜ਼ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਫਾਰਮ-16 ਜਾਰੀ ਕਰਨ ਲਈ ਕਿਸੇ ਤਰ੍ਹਾਂ ਦੀ ਕੋਈ ਪੈਸੇ ਦੀ ਉਗਰਾਹੀ ਨਾ ਕਰਨ ਅਤੇ ਉਨ੍ਹਾਂ ਦੇ ਕੱਟੇ ਹੋਏ ਟੈਕਸ ਨੂੰ ਇਨਕਮ ਟੈਕਸ ਵਿਭਾਗ ਵਿੱਚ ਸਮੇਂ ਸਿਰ ਜਮ੍ਹਾਂ ਕਰਵਾਉਣ।

5.0 ਜੇਕਰ ਭਵਿੱਖ ਵਿੱਚ ਅਜਿਹਾ ਪਾਇਆ ਗਿਆ ਤਾਂ ਡੀ.ਡੀ.ਓ ਵਿਰੁੱਧ ਅਨੁਸਾਸ਼ਨੀ ਕਾਰਵਾਈ ਕੀਤੀ ਜਾਵੇਗੀ।

6.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ: 03.07.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.), ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ.), ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ